# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :03-03-2026**

ਪੰਜਾਬ ਸਰਕਾਰ ਨੇ ਉਨ੍ਹਾਂ ਬੁਢਾਪਾ ਪੈਨਸ਼ਨਰਾਂ ਦੇ ਖਾਤਿਆਂ ਵਿੱਚੋਂ 170 ਕਰੋੜ ਰੁਪਏ ਦੀ ਰਿਕਵਰੀ ਕੀਤੀ ਏ ਜਿਹੜੇ ਜਾਂ ਤਾਂ ਫਰਜੀ ਸਨ ਜਾਂ  ਜਿਨ੍ਹਾਂ ਦਾ ਸਵਰਗਵਾਸ ਹੋ ਗਿਆ ਏ। ਇਹ ਖੁਲਾਸਾ ਸੂਬੇ ਦੇ ਸਮਾਜਿਕ ਸੁਰੱਖਿਆ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੇ 23 ਲੱਖ 62 ਹਜ਼ਾਰ ਤੋਂ ਵੱਧ ਯੋਗ ਬਜ਼ੁਰਗਾਂ ਦੇ ਖਾਤਿਆਂ ਵਿੱਚ 1500 ਰੁਪਏ ਪ੍ਰਤੀ ਮਹੀਨਾ ਬੁਢਾਪਾ ਪੈਨਸ਼ਨ ਵਜੋਂ ਜਮ੍ਹਾਂ ਕਰ ਰਹੀ ਏ ਜੋ ਆਪਣਾ ਜੀਵਨ ਚਲਾਉਣ ਲਈ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਨੇ। ਉਨ੍ਹਾਂ ਕਿਹਾ ਕਿ ਮਾਨਸਾ ਅਤੇ ਤਪਾ ਵਿੱਚ ਉਨ੍ਹਾਂ ਬਜ਼ੁਰਗਾਂ ਲਈ ਦੋ ਬਿਰਧ ਆਸ਼ਰਮ ਵੀ ਖੋਲ੍ਹੇ ਗਏ ਨੇ ਜੋ ਜਾਂ ਤਾਂ ਬੇਘਰ ਨੇ ਜਾਂ ਆਪਣੇ ਬੱਚਿਆਂ ਨਾਲ ਨਹੀਂ ਰਹਿ ਰਹੇ। ਉਨ੍ਹਾਂ ਕਿਹਾ ਕਿ 'ਸਾਡੇ

ਬੁਜ਼ੁਰਗ-ਸਾਡਾ ਮਾਣ' ਯੋਜਨਾ ਤਹਿਤ ਵੀਹ ਹਜ਼ਾਰ ਬਜ਼ੁਰਗਾਂ ਨੂੰ ਕਾਨੂੰਨੀ ਸਹਾਇਤਾ ਅਤੇ ਹੋਰ ਜ਼ਰੂਰਤਾਂ ਪ੍ਰਦਾਨ ਕਰਕੇ ਲਾਭ ਪਹੁੰਚਾਇਆ ਗਿਆ ਏ। ਕੇਂਦਰ ਸਰਕਾਰ ਦੀ 'ਮਾਤਰੂ ਵੰਦਨਾ ਯੋਜਨਾ' ਬਾਰੇ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਕੇਂਦਰ ਵੱਲੋਂ ਦਿੱਤੇ ਗਏ ਟੀਚੇ ਅਨੁਸਾਰ ਲਗਭਗ ਦੁੱਗਣੀ ਗਿਣਤੀ ਵਿੱਚ ਔਰਤਾਂ ਨੂੰ ਲਾਭ ਪਹੁੰਚਾਇਆ ਏ। ਆਪਣੇ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਪਹਿਲਕਦਮੀਆਂ ਅਤੇ ਯੋਜਨਾਵਾਂ ਬਾਰੇ ਵਿਸਥਾਰ ਨਾਲ ਦੱਸਦਿਆਂ, ਡਾ. ਬਲਜੀਤ ਕੌਰ ਨੇ ਕਿਹਾ ਕਿ ਇਸ ਸਾਲ ਦੌਰਾਨ ਮੋਹਾਲੀ, ਜਲੰਧਰ ਅਤੇ ਅੰਮ੍ਰਿਤਸਰ ਵਿੱਚ ਕਰੈਚਾਂ ਦੀ ਸਹੂਲਤ ਵਾਲੇ 5 ਵਰਕਿੰਗ ਵੂਮੈਨ ਹੋਸਟਲ ਕਾਰਜਸ਼ੀਲ ਹੋ ਜਾਣਗੇ। ਉਨ੍ਹਾਂ ਕਿਹਾ ਕਿ ਬੀਤੇ 4 ਸਾਲਾਂ ਦੌਰਾਨ ਪੰਜਾਬ ਵਿੱਚ 165 ਬਾਲ ਵਿਆਹਾਂ ਵਿੱਚੋਂ 150 ਨੂੰ ਰੋਕਿਆ ਗਿਆ ਏ ਅਤੇ 15 ਵਿਅਕਤੀਆਂ ਵਿਰੁੱਧ ਐਫ.ਆਈ.ਆਰ. ਦਰਜ ਕੀਤੀਆਂ ਗਈਆਂ ਨੇ। ਉਨ੍ਹਾਂ ਇਹ ਵੀ ਕਿਹਾ ਕਿ 'ਮਿਸ਼ਨ ਜੀਵਨ ਜੋਤ' ਤਹਿਤ, ਬਹੁਤ ਸਾਰੇ ਬੱਚਿਆਂ ਨੂੰ ਭੀਖ ਮੰਗਣ ਤੋਂ ਬਚਾਇਆ ਗਿਆ ਏ ਅਤੇ ਹੁਣ ਉਨ੍ਹਾਂ ਨੂੰ ਸਕੂਲਾਂ ਵਿੱਚ ਦਾਖਲ ਕਰਵਾਇਆ ਜਾ

ਰਿਹਾ ਏ। ਮੰਤਰੀ ਨੇ ਖੁਲਾਸਾ ਕੀਤਾ ਕਿ ਰਾਜ ਸਰਕਾਰ ਨੇ ਛੁਡਾਏ ਗਏ ਬੱਚਿਆਂ ਦਾ ਡੀ.ਐਨ.ਏ. ਟੈਸਟ ਜ਼ਰੂਰੀ ਕਰ ਦਿੱਤਾ ਏ ਤਾਂ ਜੋ ਇਹ ਪਤਾ ਲਾਇਆ ਜਾ ਸਕੇ ਕਿ ਕੀ ਉਨ੍ਹਾਂ ਦੇ ਪਿੱਛੇ ਕੋਈ ਗਿਰੋਹ ਕੰਮ ਕਰ ਰਿਹਾ ਏ ਜਾਂ ਉਨ੍ਹਾਂ ਦੇ ਆਪਣੇ ਮਾਪੇ ਬੱਚਿਆਂ ਨੂੰ ਭੀਖ ਮੰਗਣ ਲਈ ਵਰਤ ਰਹੇ ਨੇ। ਉਨ੍ਹਾਂ ਕਿਹਾ ਕਿ ਰਾਜ ਭਰ ਵਿੱਚ ਆਂਗਣਵਾੜੀ ਕੇਂਦਰਾਂ ਨੂੰ ਵੀ ਅਪਗ੍ਰੇਡ ਕੀਤਾ ਜਾ ਰਿਹਾ ਏ ਅਤੇ ਬੱਚਿਆਂ ਲਈ ਉਨ੍ਹਾਂ ਵਿੱਚੋਂ ਕੁਝ ਵਿੱਚ ਪਲੇਵੇਅ ਸਕੂਲ ਵੀ ਸ਼ੁਰੂ ਕੀਤੇ ਗਏ ਨੇ।

-----------------------------------------------------

ਪੰਜਾਬ ਸਰਕਾਰ ਦੀ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਨੂੰ ਹੋਰ ਮਜ਼ਬੂਤੀ ਦੇਣ ਲਈ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੋੜੀ ਵੱਲੋਂ 'ਸ਼ਹੀਦ-ਏ-ਆਜ਼ਮ ਭਗਤ ਸਿੰਘ ਨੈਸ਼ਨਲ ਮੈਰਾਥਨ' ਦੇ ਆਯੋਜਨ ਸਬੰਧੀ ਬੀਤੇ ਕੱਲ੍ਹ ਇਕ ਵਿਸ਼ੇਸ਼ ਮੀਟਿੰਗ ਬੁਲਾਈ ਗਈ। ਡਿਪਟੀ ਸਪੀਕਰ ਨੇ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਰੰਗਲੇ ਪੰਜਾਬ ਦੀ ਪੁਨਰਸਥਾਪਨਾ ਲਈ ਵੱਡੇ ਪੱਧਰ 'ਤੇ ਮੁਹਿੰਮ ਚਲਾਈ ਜਾ ਰਹੀ ਏ। ਇਸੇ ਲੜੀ ਤਹਿਤ 22 ਮਾਰਚ ਨੂੰ

ਫੁਟਬਾਲ ਦੀ ਨਰਸਰੀ ਕਹੇ ਜਾਣ ਵਾਲੇ ਮਾਹਿਲਪੁਰ ਵਿੱਚ 'ਸ਼ਹੀਦ-ਏ-ਆਜ਼ਮ ਭਗਤ ਸਿੰਘ ਨੈਸ਼ਨਲ ਮੈਰਾਥਨ' ਰਾਜ ਪੱਧਰੀ ਸਮਾਗਮ ਵਜੋਂ ਕਰਵਾਈ ਜਾਵੇਗੀ। ਉਨ੍ਹਾਂ ਦੱਸਿਆ ਕਿ 23 ਮਾਰਚ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਸ਼ਹੀਦੀ ਦਿਹਾੜੇ ਦੇ ਮੌਕੇ ਰਾਜ ਪੱਧਰੀ ਸਮਾਗਮ ਖਟਕੜ ਕਲਾਂ ਵਿਖੇ ਕਰਵਾਇਆ ਜਾਵੇਗਾ। ਇਸ ਲਈ ਇਕ ਦਿਨ ਪਹਿਲਾਂ 22 ਮਾਰਚ ਨੂੰ ਇਹ ਮੈਰਾਥਨ ਸ਼ਹੀਦ-ਏ-ਆਜ਼ਮ ਨੂੰ ਸਮਰਪਿਤ ਕਰਕੇ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਮੈਰਾਥਨ ਨੌਜਵਾਨਾਂ ਵਿੱਚ ਦੇਸ਼ਭਗਤੀ ਦਾ ਜਜ਼ਬਾ ਪੈਦਾ ਕਰੇਗੀ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰੇਗੀ।

--------------------------------------------------------

ਇਸੇ ਦੌਰਾਨ ਯੁੱਧ ਨਸ਼ਿਆਂ ਵਿਰੁੱਧ' ਅਤੇ 'ਗੈਂਗਸਟਰਾਂ ਤੇ ਵਾਰ' ਮੁਹਿੰਮਾਂ ਨੂੰ ਹੋਰ ਮਜ਼ਬੂਤ ਕਰਨ ਲਈ ਏ.ਡੀ.ਜੀ.ਪੀ. ਐਮ.ਐਫ. ਫਾਰੂਕੀ ਅਤੇ ਐਸ.ਐਸ.ਪੀ. ਜਲੰਧਰ ਦਿਹਾਤੀ ਹਰਵਿੰਦਰ ਸਿੰਘ ਵਿਰਕ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਮੀਟਿੰਗ ਬੁਲਾਈ ਗਈ। ਮੀਟਿੰਗ ਦੌਰਾਨ ਨਸ਼ਾ ਤਸਕਰੀ ਅਤੇ ਗੈਂਗਸਟਰ ਗਤੀਵਿਧੀਆਂ ਵਿਰੁੱਧ ਚੱਲ

ਰਹੀਆਂ ਕਾਰਵਾਈਆਂ ਦੀ ਵਿਸਥਾਰਪੂਰਵਕ ਸਮੀਖਿਆ ਕੀਤੀ ਗਈ ਅਤੇ ਇਨ੍ਹਾਂ ਮੁਹਿੰਮਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਅੱਗੇ ਦੀਆਂ ਰਣਨੀਤੀਆਂ ਨੂੰ ਅੰਤਿਮ ਰੂਪ ਦਿੱਤਾ ਗਿਆ।

--------------------------------------------------

ਪੰਜਾਬ ਦੇ ਵਪਾਰ ਤੇ ਸਨਅਤ, ਤੇ ਨਿਵੇਸ਼ ਨੂੰ ਉਤਸ਼ਾਹਿਤ ਕਰਨ ਬਾਰੇ ਮੰਤਰੀ ਸ੍ਰੀ ਸੰਜੀਵ ਅਰੋੜਾ ਨੇ ਅੱਜ ਕਿਹਾ ਏ ਕਿ ਪੰਜਾਬ ਸਰਕਾਰ ਸੂਬੇ ਨੂੰ ਨਿਵੇਸ਼ਕਾਂ ਲਈ ਪਸੰਦੀਦਾ ਸਥਾਨ ਬਣਾਉਣ ਲਈ ਲਗਾਤਾਰ ਉਪਰਾਲੇ ਕਰ ਰਹੀ ਏ, ਜਿਸ ਦੇ ਚਲਦਿਆਂ ਗੰਗਾ ਐਕਰੋਵੂਲਜ਼ ਲਿਮਟਿਡ, ਜੋ ਕਿ ਊਨੀ ਅਤੇ ਫੈਂਸੀ ਧਾਗੇ ਦੀ ਮੋਹਰੀ ਨਿਰਮਾਤਾ ਏ, ਨੇ ਪੰਜਾਬ ਵਿੱਚ ਆਪਣੇ ਕਾਰੋਬਾਰ ਦੇ ਪਸਰ ਦਾ ਐਲਾਨ ਕੀਤਾ ਏ । ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ੍ਰੀ ਸੰਜੀਵ ਅਰੋੜਾ ਨੇ ਦੱਸਿਆ ਕਿ ਗੰਗਾ ਐਕਰੋਵੂਲਜ਼ ਲਿਮਟਿਡ 60 ਤੋਂ ਵੱਧ ਦੇਸ਼ਾਂ ਨੂੰ ਆਪਣੇ ਉਤਪਾਦ ਬਰਾਮਦ ਕਰਦੀ ਏ ਅਤੇ ਮੌਜੂਦਾ ਸਮੇਂ ਕੰਪਨੀ ਵਿੱਚ 5 ਹਜ਼ਾਰ 600 ਤੋਂ ਵੱਧ ਮੁਲਾਜ਼ਮ ਕੰਮ ਕਰ ਰਹੇ ਨੇ. ਉਨ੍ਹਾਂ ਕਿਹਾ ਕਿ ਇਹ ਕੰਪਨੀ ਆਪਣੇ

ਤਾਜ਼ਾ ਨਿਵੇਸ਼ ਰਾਹੀਂ ਰੋਜ਼ਗਾਰ ਦੇ 1500 ਤੋਂ ਵੱਧ ਨਵੇਂ ਮੌਕੇ ਵੀ ਪੈਦਾ ਕਰੇਗੀ।

-----------------------------------------------------------

ਪਟਿਆਲਾ ਦੇ ਵਿਰਾਸਤੀ ਸ਼ੀਸ਼ ਮਹਿਲ ਵਿਖੇ 21 ਫਰਵਰੀ ਤੋਂ ਚੱਲ ਰਿਹਾ ਪੰਜਾਬ ਸਖੀ ਸ਼ਕਤੀ ਕਰਾਫਟ ਮੇਲਾ ਅਮਿੱਟ ਯਾਦਾਂ ਛੱਡਦਾ ਬੀਤੀ ਸ਼ਾਮ ਸਮਾਪਤ ਹੋ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਦੱਸਿਆ ਕਿ ਪੰਜਾਬ ਸਖੀ ਸ਼ਕਤੀ ਕਰਾਫਟ ਮੇਲੇ ਦੌਰਾਨ ਦੇਸ਼-ਵਿਦੇਸ਼ ਦੇ ਦਸਤਕਾਰਾਂ ਤੇ ਸ਼ਿਲਪਕਾਰਾਂ ਸਮੇਤ ਸਵੈ ਸਹਾਇਤਾ ਗਰੁੱਪਾਂ ਦੇ ਮੈਂਬਰਾਂ ਨੂੰ ਸਵੈ ਰੋਜ਼ਗਾਰ ਅਤੇ ਆਪਣੀਆਂ ਹੱਥੀਂ ਬਣਾਈਆਂ ਵਸਤਾਂ ਤੇ ਹੋਰ ਸਾਜੋ-ਸਾਮਾਨ ਵੇਚਣ ਲਈ ਪਟਿਆਲਾ ਵਿਖੇ ਇੱਕ ਵੱਡਾ ਮੰਚ ਪ੍ਰਦਾਨ ਕੀਤਾ ਗਿਆ ਏ।

-----------------------------------------------------------

ਪੁਸ਼ਪਾ ਗੁਜਰਾਲ ਸਾਇੰਸ ਸਿਟੀ, ਕਪੂਰਥਲਾ ਵੱਲੋਂ 21ਵਾਂ ਅਤੇ 22 ਵਾਂ ਸਾਲਾਨਾ ਆਲ ਬ੍ਰੀਡ ਡੋਗ ਸ਼ੋਅ 8 ਮਾਰਚ ਨੂੰ ਕਰਵਾਇਆ ਜਾ ਰਿਹਾ

ਏ। ਇਹ ਸ਼ੋਅ ਆਮ ਲੋਕਾਂ ਨੂੰ ਪਾਲਤੂ ਜਾਨਵਰਾਂ ਵਿਚਲੀ ਜੈਵਿਕ ਵਿਭਿੰਨਤਾ ਤੇ ਜੀਨ ਪੂਲ ਦੀ ਜਾਣਕਾਰੀ ਦੇਣ ਲਈ ਇਕ ਪਲੇਟਫ਼ਾਰਮ ਹੋਵੇਗਾ। ਇਹ ਜਾਣਕਾਰੀ ਦਿੰਦਿਆਂ ਸ਼ੋਅ ਦੇ ਕੋਆਰਡੀਨੇਟਰ ਡਾ. ਮੋਨੀਸ਼ ਸੋਇਨ ਨੇ ਦੱਸਿਆ ਕਿ ਸ਼ੋਅ ਦੌਰਾਨ 35 ਤੋਂ ਵੱਧ ਪ੍ਰਜਾਤੀਆਂ ਦੇ 300 ਤੋਂ ਵੱਧ ਕੁੱਤੇ ਹਿੱਸਾ ਲੈ ਰਹੇ ਨੇ। ਕੋਲਕਾਤਾ ਤੋਂ ਸ੍ਰੀ ਅਵਿੰਨਦਨ ਸ਼ਰਮਾ, ਬੰਗਲੁਰੂ ਤੋਂ ਵਿਸ਼ਵਾਸ ਬੱਸਰਾਜ ਅਤੇ ਨੋਇਡਾ ਤੋਂ ਮੈਡਮ ਖੇਮਲਵਿਸਕਾ ਇਸ ਸ਼ੋਅ ਵਿਚ ਜਿਊਰੀ ਮੈਂਬਰਾਂ ਵਜੋਂ ਸ਼ਿਰਕਤ ਕਰ ਰਹੇ ਨੇ। ਇਸ ਮੌਕੇ ਇੰਡੀਅਨ ਕੈਨਲ ਕਲੱਬ ਦੇ ਪ੍ਰਵਾਨਿਤ ਨੁਮਾਇੰਦੇ ਡਾ. ਅੰਕਿਤ ਛਿੱਬੜ ਵਲੋਂ ਕੇ.ਸੀ.ਆਈ ਸਿੰਗਲ ਡੌਗ ਰਜਿਸਟ੍ਰੇਸ਼ਨ ਕੈਂਪ ਵੀ ਲਾਇਆ ਜਾਵੇਗਾ |

---------------------------------------------------